# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 05-08-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਭਾਰਤ ਅਤੇ ਫਿਲੀਪੀਨਜ਼ ਨੇ ਰੱਖਿਆ, ਵਿਗਿਆਨ ਤੇ ਤਕਨਾਲੋਜੀ ਸਮੇਤ ਅੱਜ 9 ਸਮਝੌਤਿਆਂ 'ਤੇ ਦਸਤਖਤ ਕੀਤੇ ।

- ਪੰਜਾਬ ਸਰਕਾਰ ਨੇ 'ਡੇਟਾ ਐਨਾ-ਲਿਟਿਕਸ ਸ਼੍ਰੇਣੀ' ਵਿੱਚ ਵਕਾਰੀ 'ਤਕਨੋਲੋਜੀ ਸਭਾ ਐਕਸੀਲੈਂਸ ਐਵਾਰਡ'-2025 ਹਾਸਿਲ ਕੀਤਾ।

- ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭਾਰੇ ਵਾਹਨਾਂ ਦੇ ਡਰਾਈਵਿੰਗ ਲਾਇਸੈਂਸ ਦੇ ਫਰਜ਼ੀ ਰੈਕੇਟ ਦਾ ਪਰਦਾਫਾਸ਼-ਮੋਟਰ ਵਾਹਨ ਇੰਸਪੈਕਟਰ ਸਮੇਤ ਚਾਰ ਮੁਲਜ਼ਮ ਗ੍ਰਿਫ਼ਤਾਰ।

- ਜਲੰਧਰ ਦੂਰਦਰਸ਼ਨ, DD ਪੰਜਾਬੀ ਦੇ 25 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਿਹਾ ਏ- ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਸਹਿਗਲ, ਸਮਾਗਮ ‘ਚ ਕਰਨਗੇ ਸ਼ਿਰਕਤ ।

- ਉੱਤਰਾਖੰਡ 'ਚ ਉੱਤਰਕਾਸ਼ੀ ਜ਼ਿਲ੍ਹੇ ਦੇ ਧਾਰਲੀ ਖੇਤਰ ਵਿੱਚ ਬੱਦਲ ਫਟਣ ਕਾਰਨ ਭਾਰੀ ਨੁਕਸਾਨ -ਪ੍ਰਧਾਨ ਮੰਤਰੀ ਨੇ ਘਟਨਾ ਵਿੱਚ ਪ੍ਰਭਾਵਿਤ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਿਆਂ ਚੰਗੀ ਸਿਹਤ ਦੀ ਕਾਮਨਾ ਕੀਤੀ।

**ਹੁਣ ਖਬਰਾਂ ਵਿਸਥਾਰ ਨਾਲ.....**

ਭਾਰਤ ਅਤੇ ਫਿਲੀਪੀਨਜ਼ ਨੇ ਅੱਜ 9 ਸਮਝੌਤਿਆਂ 'ਤੇ ਦਸਤਖਤ ਕੀਤੇ। ਇਨ੍ਹਾਂ ਸਮਝੌਤਿਆਂ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਫਿਲੀਪੀਨਜ਼ ਦੇ ਰਾਸ਼ਟਰਪਤੀ ਫਰਡੀਨੈਂਡ ਆਰ ਮਾਰਕੋਸ ਜੂਨੀਅਰ ਦੀ ਮੌਜੂਦਗੀ ਵਿੱਚ ਦਸਤਖਤ ਕੀਤੇ ਗਏ। ਇਨ੍ਹਾਂ ਸਮਝੌਤਿਆਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਕੂਟਨੀਤਕ ਸਹਿਯੋਗ, ਅਪਰਾਧਿਕ ਮਾਮਲਿਆਂ, ਰੱਖਿਆ,

ਵਿਗਿਆਨ ਅਤੇ ਤਕਨਾਲੋਜੀ ਅਤੇ ਹੋਰ ਖੇਤਰਾਂ ਵਿੱਚ ਆਪਸੀ ਕਾਨੂੰਨੀ ਸਹਾਇਤਾ ਸੰਧੀ ਸ਼ਾਮਲ ਏ । ਮੀਡੀਆ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਫਿਲੀਪੀਨਜ਼ ਆਪਣੇ ਕੂਟਨੀਤਕ ਸਬੰਧਾਂ ਦੀ 75ਵੀਂ ਵਰ੍ਹੇਗੰਢ ਮਨਾ ਰਹੇ ਨੇ ਅਜਿਹੇ ਸਮੇਂ ਫਿਲੀਪੀਨਜ਼ ਦੇ ਰਾਸ਼ਟਰਪਤੀ ਦੀ ਫੇਰੀ ਵਿਸ਼ੇਸ਼ ਮਹੱਤਵ ਰੱਖਦੀ ਏ । ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਦੇ ਪੁਰਾਣੇ ਸਮੇਂ ਤੋਂ ਸਬੰਧ ਰਹੇ ਹਨ। ਸ਼੍ਰੀ ਮੋਦੀ ਨੇ ਪਹਿਲਗਾਮ ਦਹਿਸ਼ਤਗਰਦੀ  ਹਮਲੇ ਦੀ ਸਖ਼ਤ ਨਿੰਦਾ ਕਰਨ ਅਤੇ ਦਹਿਸ਼ਤਗਰਦੀ  ਵਿਰੁੱਧ ਲੜਾਈ ਵਿੱਚ ਭਾਰਤ ਦਾ ਸਮਰਥਨ ਕਰਨ ਲਈ ਫਿਲੀਪੀਨਜ਼ ਦੀ ਸਰਕਾਰ ਅਤੇ ਰਾਸ਼ਟਰਪਤੀ ਦਾ ਧੰਨਵਾਦ ਕੀਤਾ।

**BYTE**

----------------------------------------------------

ਰਾਸ਼ਟਰੀ ਪੱਧਰ 'ਤੇ ਇੱਕ ਵੱਡੀ ਮਾਨਤਾ ਵਿੱਚ, ਪੰਜਾਬ ਸਰਕਾਰ ਨੇ ਡੇਟਾ ਐਨਾਲਿਟਿਕਸ ਸ਼੍ਰੇਣੀ ਵਿੱਚ ਵਕਾਰੀ ਤਕਨੋਲੋਜੀ ਸਭਾ ਐਕਸੀਲੈਂਸ ਐਵਾਰਡ  2025 ਹਾਸਿਲ ਕੀਤਾ ਏ, ਜੋ ਕਿ ਵਧੀਆ ਨਾਗਰਿਕ ਸੇਵਾਵਾਂ

ਪ੍ਰਦਾਨ ਕਰਨ ਅਤੇ ਸ਼ਾਸਨ ਨੂੰ ਸੁਚਾਰੂ ਬਣਾਉਣ ਲਈ ਤੁਕਨੋਲ੍ਜੀ ਅਤੇ ਡੇਟਾ ਵਿਸ਼ਲੇਸ਼ਣ ਦੀ ਵਰਤੋਂ ਕਰਨ ਵਿੱਚ ਆਪਣੀਆਂ ਮੋਹਰੀ ਪਹਿਲਕਦਮੀਆਂ ਨੂੰ ਦਰਸਾਉਂਦਾ ਏ । ਇਹ ਵੱਕਾਰੀ award ਪੰਜਾਬ ਦੇ ਸੁਸ਼ਾਸਨ ਅਤੇ ਸੂਚਨਾ ਤਕਨੋਲੋਜੀ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ ਨੇ ਰਾਜਸਥਾਨ ਦੇ ਜੈਪੁਰ ਵਿਖੇ ਇੰਡੀਅਨ ਐਕਸਪ੍ਰੈਸ ਗਰੁੱਪ ਵਲੋਂ ਕਰਾਏ ਗਏ ਇੱਕ ਸ਼ਾਨਦਾਰ ਸਮਾਰੋਹ ਵਿੱਚ ਪ੍ਰਾਪਤ ਕੀਤਾ। ਜ਼ਿਕਰਯੋਗ ਏ ਕਿ, Technology Sabha ਇੱਕ ਪ੍ਰਮੁੱਖ ਈ-ਗਵਰਨੈਂਸ ਪਲੇਟਫਾਰਮ ਏ ਜੋ, ਦੇਸ਼ ਭਰ ਦੇ ਚੋਟੀ ਦੇ ਸਰਕਾਰੀ ICT ਪੇਸ਼ੇਵਰਾਂ ਅਤੇ ਨੀਤੀ ਘਾੜਿਆਂ ਨੂੰ ਇੱਕਜੁੱਟ ਕਰਦੀ ਏ, ਗਿਆਨ ਸਾਂਝਾ ਕਰਨ ਦੀ ਸਹੂਲਤ ਦੇਣ ਤੋਂ ਇਲਾਵਾ, ਸਫਲ ਤਕਨੀਕੀ ਪਹਿਲਕਦਮੀਆਂ ਦਾ ਵਿਖਾਲਾ ਕਰਦੀ ਏ ਅਤੇ ਭਾਰਤ ਦੇ ਡਿਜੀਟਲ ਸ਼ਾਸਨ ਭਵਿੱਖ 'ਤੇ ਵਿਚਾਰ-ਵਟਾਂਦਰੇ ਸ਼ੁਰੂ ਕਰਦੀ ਏ । ਇਹ ਸਰਕਾਰੀ ਵਿਭਾਗਾਂ ਅਤੇ ਸੰਸਥਾਵਾਂ ਨੂੰ ਹਿੱਸੇਦਾਰਾਂ ਨੂੰ ਠੋਸ ਲਾਭ ਪਹੁੰਚਾਉਣ ਲਈ ਤਕਨਾਲੋਜੀ ਦੀ ਉਹਨਾਂ ਦੀ ਨਿਵੇਕਲੀ ਵਰਤੋਂ ਲਈ ਮਾਨਤਾ ਦਿੰਦੀ ਏ । ਵਿਭਾਗ ਦੇ ਅਧਿਕਾਰੀਆਂ ਨੂੰ ਇਸ ਐਵਾਰਡ ਲਈ ਵਧਾਈ ਦਿੰਦੇ ਹੋਏ, ਪੰਜਾਬ ਦੇ

ਸੁਸ਼ਾਸਨ ਅਤੇ ਸੂਚਨਾ ਤਕਨੋਲੋਜੀ ਮੰਤਰੀ ਅਮਨ ਅਰੋੜਾ ਨੇ ਇਸਨੂੰ ਪੂਰੇ ਸੂਬੇ ਲਈ ਮਾਣ ਵਾਲਾ ਪਲ ਦੱਸਿਆ

-------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ, ਗੁਰਦਾਸਪੁਰ ਖੇਤਰੀ ਟਰਾਂਸਪੋਰਟ ਅਥਾਰਟੀ , ਜਿਲ੍ਹਾ ਮੁਕਤਸਰ ਸਾਹਿਬ ਦੇ ਸਕਿੱਲ ਸੈਂਟਰ ਮਹੂਆਣਾ ਦੇ ਮੁਲਾਜ਼ਮਾਂ ਅਤੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਕੰਮ ਕਰ ਰਹੇ ਪ੍ਰਾਈਵੇਟ ਦਸਤਾਵੇਜ਼ ਏਜੰਟਾਂ ਵਿਚਕਾਰ ਮਿਲੀਭੁਗਤ ਅਤੇ ਭਾਰੇ ਵਾਹਨਾਂ ਦੇ ਡਰਾਈਵਿੰਗ ਲਾਇਸੈਂਸ ਜਾਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕੀਤਾ ਏ । ਇਸ ਮਾਮਲੇ ਵਿੱਚ ਵਿਜੀਲੈਂਸ ਬਿਊਰੋ ਨੇ ਸੱਤ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਦਾ ਮਾਮਲਾ ਦਰਜ ਕੀਤਾ ਏ , ਜਿਨ੍ਹਾਂ ਵਿੱਚੋਂ ਮੋਟਰ ਵਾਹਨ ਇੰਸਪੈਕਟਰ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਏ । ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਪਠਾਨਕੋਟ ਦੇ ਰਹਿਣ ਵਾਲੇ ਇੱਕ ਵਿਅਕਤੀ ਤੋਂ ਮਿਲੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਨੇ ਗੁਰਦਾਸਪੁਰ ਆਰ.ਟੀ.ਏ, ਵਿਖੇ ਡਾਟਾ ਐਂਟਰੀ ਆਪਰੇਟਰ ਪ੍ਰਤਿਭਾ ਸ਼ਰਮਾ ਖਿਲਾਫ ਡੂੰਘਾਈ ਨਾਲ ਜਾਂਚ ਸ਼ੁਰੂ ਕੀਤੀ ਸੀ। ਹੁਣ ਤੱਕ

ਦੀ ਜਾਂਚ ਦੇ ਆਧਾਰ ‘ਤੇ ਇਸ ਮਾਮਲੇ ਵਿੱਚ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਤਫਤੀਸ਼ ਤੋਂ ਪਤਾ ਲੱਗਾ ਹੈ ਕਿ ਐਸਆਈਈਡੀਐਸ ਸੈਂਟਰ ਮਹੂਆਣਾ ਦੁਆਰਾ ਜਾਰੀ ਕੀਤੇ ਗਏ 51 ਡਰਾਈਵਿੰਗ ਸਿਖਲਾਈ ਸਰਟੀਫਿਕੇਟਾਂ ਵਿੱਚੋਂ 23 ਜਾਅਲੀ ਪਾਏ ਗਏ ਕਿਉਂਕਿ ਸਿਰਫ਼ 27 ਜਾਇਜ਼ ਸਰਟੀਫਿਕੇਟ ਨੰਬਰ ਰਿਕਾਰਡ ਵਿੱਚ ਸਨ। ਦੱਸਣਯੋਗ ਹੈ ਕਿ ਸਿਸਟਮ ਜਨਰੇਟਿਡ ਫੀਲਡ ਜਿਵੇਂ ਵਿਲੱਖਣ ਸਰਟੀਫਿਕੇਟ ਨੰਬਰ, ਕਿਊਆਰ ਕੋਡ ਅਤੇ ਰਸੀਦ ਨੰਬਰ ‘ਚ ਸ਼ਾਮਲ ਮੋਬਾਈਲ ਨੰਬਰ, ਜੋ ਕਿ ਪ੍ਰਮਾਣਿਕਤਾ ਦੇ ਮਹੱਤਵਪੂਰਨ ਮਾਪਦੰਡ ਹਨ, ਨੂੰ ਸਿਰਫ਼ ਸੰਸਥਾ ਦੇ ਮੁਲਾਜ਼ਮਾਂ ਦੁਆਰਾ ਹੀ ਬਦਲਿਆ ਜਾ ਸਕਦਾ ਸੀ। ਇਨ੍ਹਾਂ ਮਾਪਦੰਡਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਗੜਬੜੀ ਤੋਂ ਧੋਖਾਧੜੀ ਦੇ ਅਮਲ ਦਾ ਪਤਾ ਲਗਦਾ ਹੈ। ਇਸ ਜਾਂਚ ਵਿੱਚ ਕੁਲਬੀਰ ਡਾਕੂਮੈਂਟਸ ਸੈਂਟਰ, ਸ਼ੈਲੀ ਡਾਕੂਮੈਂਟਸ ਸੈਂਟਰ, ਜੀ.ਐਮ.ਡੀ ਡਾਕੂਮੈਂਟਸ ਸੈਂਟਰ ਅਤੇ ਪੰਜਾਬ ਡਾਕੂਮੈਂਟਸ ਸਮੇਤ ਪ੍ਰਾਈਵੇਟ ਏਜੰਟਾਂ ਦੀ ਭੂਮਿਕਾ ਦਾ ਪਤਾ ਲੱਗਾ ਏ , ਜਿਨ੍ਹਾਂ ਨੇ ਰਿਸ਼ਵਤ ਬਦਲੇ ਬਿਨੈਕਾਰਾਂ ਨੂੰ ਜਾਅਲੀ ਦਸਤਾਵੇਜ਼ ਦੇਣ ਵਿੱਚ ਮਦਦ ਕੀਤੀ। ਮੁਲਜ਼ਮਾਂ ਨੇ ਆਪਣੀ ਪਹੁੰਚ ਦੀ

ਦੁਰਵਰਤੋਂ ਕਰਦਿਆਂ ਗੈਰ-ਕਾਨੂੰਨੀ ਢੰਗ ਨਾਲ ਪ੍ਰਤੀ ਸਰਟੀਫਿਕੇਟ 430 ਰੁਪਏ ਵਸੂਲ ਕੇ ਸਰਕਾਰੀ ਖਜ਼ਾਨੇ ਨੂੰ ਵਿੱਤੀ ਨੁਕਸਾਨ ਪਹੁੰਚਾਇਆ। ਬਿਊਰੋ ਨੇ ਚਾਰ ਮੁੱਖ ਮੁਲਜ਼ਮਾਂ-ਗੁਰਦਾਸਪੁਰ ਤੋਂ ਜੀ.ਆਈ ਡਰਾਈਵਿੰਗ ਇੰਚਾਰਜ  ਸੁਖਦੇਵ ਸਿੰਘ, ਸ਼ੈਲੀ ਡਾਕੂਮੈਂਟ ਸੈਂਟਰ ਦੇ ਅਮਿਤ ਕੁਮਾਰ ਉਰਫ ਸ਼ੈਲੀ, ਪੰਜਾਬ ਡਾਕੂਮੈਂਟ ਦੇ ਜਗਪ੍ਰੀਤ ਸਿੰਘ ਅਤੇ ਰਾਕੇਸ਼ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਏ।  ਸਾਰੇ ਗ੍ਰਿਫ਼ਤਾਰ ਵਿਅਕਤੀਆਂ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ  ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------------------

ਜਲੰਧਰ ਦੂਰਦਰਸ਼ਨ, DD ਪੰਜਾਬੀ ਦੇ 25 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਿਹਾ ਏ। DD ਪੰਜਾਬੀ ਦੀ ਸਿਲਵਰ ਜੁਬਲੀ ਨੂੰ ਮਨਾਉਣ ਲਈ ਅੱਜ ਸ਼ਾਮੀਂ ਇੱਕ ਵਿਸ਼ੇਸ਼ ਸਮਾਗਮ  ਜਲੰਧਰ ਦੂਰਦਰਸ਼ਨ ਵਿਖੇ ਕਰਾਇਆ ਜਾ ਰਿਹਾ ਏ। ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਸਹਿਗਲ ਅੱਜ ਅਤੇ ਭਲਕੇ ਜਲੰਧਰ ਤੇ ਅਮ੍ਰਿਤਸਰ ‘ਚ ਸਮਾਗਮਾਂ  ‘ਚ ਹਿੱਸਾ ਲੈਣਗੇ। ਡੀ.ਡੀ. ਪੰਜਾਬੀ ਚੈਨਲ ਨੇ 6 ਅਗਸਤ 1998 ਨੂੰ

ਜਲੰਧਰ ਤੋਂ ਸੈਟੇਲਾਈਟ ਸੇਵਾ ਦੀ ਸ਼ੁਰੂਆਤ ਕੀਤੀ ਸੀ। ਇਸ ਦੀ ਸਥਾਪਨਾ ਸਮਕਾਲੀ ਸੂਚਨਾ ਤੇ ਪ੍ਰਸਾਰਣ ਮੰਤਰੀ ਸੁਸ਼ਮਾ ਸਵਰਾਜ ਵੱਲੋਂ ਕੀਤੀ ਗਈ ਸੀ. 24 ਘੰਟੇ ਚੈਨਲ ਦੀ ਪ੍ਰਸਾਰਣ ਸੇਵਾ 5 ਅਗਸਤ 2000 ਨੂੰ ਸਮਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਸ਼ੁਰੂ ਕੀਤੀ ਅਤੇ ਉਹਨਾਂ ਨਾਲ ਉਸ ਵੇਲੇ ਸਮਕਾਲੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਰੁਣ ਜੇਟਲੀ ਵੀ ਮੌਜੂਦ ਸਨ। ਡੀ.ਡੀ. ਪੰਜਾਬੀ ਨਾ ਸਿਰਫ਼ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਉਭਾਰਦਾ ਏ, ਸਗੋਂ ਇਹ ਪੂਰੇ ਦੇਸ਼ ਵਿਚ ਪੰਜਾਬ ਦੀ ਲੋਕਧਾਰਾ, ਰੀਤ-ਰਿਵਾਜ, ਕਲਾ, ਸੰਗੀਤ ਅਤੇ ਲੋਕ-ਰਵਾਇਤਾਂ ਨੂੰ ਪ੍ਰਸਾਰਿਤ ਕਰਦਾ ਏ। ਇਹ ਚੈਨਲ ਭਾਰਤ ਦੇ ਲੋਕਾਂ ਦੀ ਮੀਡੀਆ ਸੰਬੰਧੀ ਲੋੜਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਪੰਜਾਬੀ ਵਿਰਸੇ ਨੂੰ ਵੀ ਫੈਲਾਉਂਦਾ ਏ।

---------------------------------------------------

ਪੰਜਾਬ  ਵਿੱਚ ਈ-ਕੇਵਾਈਸੀ ਪ੍ਰਕਿਰਿਆ ਵਿੱਚ ਹੁਣ ਤੱਕ 1 ਕਰੋੜ 27 ਲਖ 84 ਹਜ਼ਾਰ  ਲਾਭਪਾਤਰੀਆਂ ਲਈ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਏ। ਇਸ ਸਬੰਧ ਵਿੱਚ ਮਾਨਸਾ, ਸ੍ਰੀ ਫਤਿਹਗੜ੍ਹ ਸਾਹਿਬ ਅਤੇ ਪਟਿਆਲਾ

ਜ਼ਿਲ੍ਹੇ ਕ੍ਰਮਵਾਰ ਸਿਖ਼ਰਲੇ 3 ਸਥਾਨਾਂ ’ਤੇ ਨੇ । ਚੰਡੀਗੜ੍ਹ ਵਿਖੇ ਹੋਈ ਸਮੀਖਿਆ ਮੀਟਿੰਗ ਵਿੱਚ, ਖੁਰਾਕ, ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਈ-ਕੇਵਾਈਸੀ ਪ੍ਰਕਿਰਿਆ ਸੰਬੰਧੀ ਨਵੀਨਤਮ ਸਥਿਤੀ ਤੋਂ ਜਾਣੂੰ ਕਰਵਾਇਆ। ਜ਼ਿਕਰਯੋਗ ਏ ਈ-ਕੇ.ਵਾਈ.ਸੀ ਇੱਕ ਡਿਜੀਟਲ ਵਿਧੀ ਏ , ਜੋ ਲਾਭਪਾਤਰੀ ਦੀ ਪਛਾਣ ਅਤੇ ਸਿਰਨਾਵੇਂ ਦੀ ਪੁਸ਼ਟੀ ਕਰਦੀ ਏ , ਜੋ ਮੁੱਖ ਤੌਰ ’ਤੇ ਆਧਾਰ ਕਾਰਡ ਨੰਬਰ ਅਤੇ ਪ੍ਰਮਾਣਿਕਤਾ ਲਈ ਬਾਇਓ ਮੈਟ੍ਰਿਕਸ ਦੀ ਵਰਤੋਂ ਕਰਦੀ ਏ । ਯੋਗ ਲਾਭਪਾਤਰੀਆਂ ਨੂੰ ਕਣਕ ਜਨਤਕ ਵੰਡ ਪ੍ਰਣਾਲੀ ਅਧੀਨ 2 ਸ਼੍ਰੇਣੀਆਂ ਵਿੱਚ ਵੰਡਿਆ ਗਿਆ ਏ ।

-----------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਆਜ਼ਾਦੀ ਘੁਲਾਟੀਆਂ ਵਿਭਾਗ ਨੂੰ ‘ਆਜ਼ਾਦੀ ਘੁਲਾਟੀਆਂ, ਉੱਤਰਾਧਿਕਾਰੀ ਸੰਗਠਨ’ ਵੱਲੋਂ ਉਠਾਈਆਂ ਜਾਇਜ਼ ਮੰਗਾਂ ਦੇ ਹੱਲ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਦੇਸ਼ ਆਜ਼ਾਦੀ ਅੰਦੋਲਨ ਦੌਰਾਨ ਕੀਤੀਆਂ ਗਈਆਂ ਬੇਮਿਸਾਲ ਕੁਰਬਾਨੀਆਂ ਦਾ ਹਮੇਸ਼ਾ ਰਿਣੀ ਏ ਅਤੇ

ਪੰਜਾਬ ਸਰਕਾਰ ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਉੱਤਰਾਧਿਕਾਰੀਆਂ ਦੇ ਸਨਮਾਨ ਨੂੰ ਬਰਕਰਾਰ ਰੱਖਣ ਲਈ ਵਚਨਬੱਧ ਏ। ਪੰਜਾਬ ਸਿਵਲ ਸਕੱਤਰੇਤ ਵਿਖੇ ਮੀਟਿੰਗ ਦੌਰਾਨ, ਵਿੱਤ ਮੰਤਰੀ ਨੇ ਉਨ੍ਹਾਂ ਦੁਆਰਾ ਉਠਾਏ ਗਏ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ  ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ, ਰਾਜੀ ਪੀ. ਸ਼੍ਰੀਵਾਸਤਵ ਨੂੰ ਨਿਰਦੇਸ਼ ਦਿੱਤੇ ਕਿ ਉਹ ਸੰਗਠਨ ਦੀਆਂ ਸਾਰੀਆਂ ਜਾਇਜ਼ ਮੰਗਾਂ ਦੇ ਸਮੇਂ ਸਿਰ ਅਤੇ ਪਾਰਦਰਸ਼ੀ ਹੱਲ ਨੂੰ ਯਕੀਨੀ ਬਣਾ ਕੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਤੇਜ਼ ਕਰਨ।

---------------------------------------------------------------

ਜਲੰਧਰ ਖੇਤਰੀ ਪਾਸਪੋਰਟ ਦਫ਼ਤਰ  ਵੱਲੋਂ ਨਾਗਰਿਕਾਂ ਦੀ ਸਹੂਲਤ ਲਈ ਇਕ ਪਹਿਲਕਦਮੀ ਤਹਿਤ  ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਕਪੂਰਥਲਾ ਵਿਖੇ ਆਪਣੀ ਪਾਸਪੋਰਟ ਸੇਵਾ ਆਰ.ਪੀ.ਓ. ਮੋਬਾਇਲ ਵੈਨ ਤਾਇਨਾਤ ਕੀਤੀ ਜਾ ਰਹੀ ਏ  ਤਾਂ ਜੋ ਯੂਨੀਵਰਸਿਟੀ ਦੇ ਵਿਦਿਆਰਥੀਆਂ, ਫੈਕਲਟੀ ਅਤੇ ਨੇੜਲੇ ਖੇਤਰਾਂ ਦੇ ਨਿਵਾਸੀਆਂ ਲਈ ਪਾਸਪੋਰਟ ਬਿਨੈ ਸੇਵਾਵਾਂ ਨੂੰ ਸੁਚਾਰੂ ਬਣਾਇਆ ਜਾ

ਸਕੇ। ਖੇਤਰੀ ਪਾਸਪੋਰਟ ਅਧਿਕਾਰੀ ਯਸ਼ਪਾਲ ਨੇ ਦੱਸਿਆ ਕਿ ਮੋਬਾਇਲ ਵੈਨ 6 ਤੋਂ 8 ਅਗਸਤ ਤੱਕ ਯੂਨੀਵਰਸਿਟੀ ਕੈਂਪਸ ਦੇ ਐਂਟਰੀ ਗੇਟ 'ਤੇ ਤਾਇਨਾਤ ਰਹੇਗੀ, ਜਿਸ ਨਾਲ ਨੇੜੇ ਰਹਿਣ ਵਾਲੇ ਲੋਕਾਂ ਨੂੰ ਪਾਸਪੋਰਟ ਦਫ਼ਤਰ ਜਾਣ ਤੋਂ ਬਿਨਾਂ ਹੀ ਪਾਸਪੋਰਟ ਨਾਲ ਸਬੰਧਤ ਸੇਵਾਵਾਂ ਪ੍ਰਾਪਤ ਕਰਨ ਵਿੱਚ ਸੁਵਿਧਾ ਹੋਵੇਗੀ। ਚਾਹਵਾਨ ਬਿਨੈਕਾਰ ਇਸ ਸਹੂਲਤ ਦਾ ਲਾਭ ਆਨਲਾਈਨ ਬਿਨੈ ਫਾਰਮ ਭਰ ਕੇ ਅਤੇ ਅਧਿਕਾਰਤ ਵੈੱਬਸਾਈਟ passport india.gov.in. ਰਾਹੀਂ ਅਪਾਇੰਟਮੈਂਟ ਬੁੱਕ ਕਰਕੇ ਲੈ ਸਕਦੇ ਨੇ । ਇਸ ਪਹਿਲ ਦਾ ਉਦੇਸ਼ ਪਾਸਪੋਰਟ ਸੇਵਾਵਾਂ ਨੂੰ ਲੋਕਾਂ ਖਾਸ ਕਰ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੀ ਪਹੁੰਚ ਨੇੜੇ ਲਿਆਉਣਾ ਏ , ਜਿਨ੍ਹਾਂ ਨੂੰ ਪਾਸਪੋਰਟ ਦਫ਼ਤਰ ਤੱਕ ਆਉਣ-ਜਾਣਾ ਮੁਸ਼ਕਲ ਲੱਗਦਾ ਏ । ਮੋਬਾਇਲ ਵੈਨ ਮੌਕੇ ’ਤੇ ਅਰਜ਼ੀਆਂ ਸਵੀਕਾਰ ਕਰੇਗੀ ਅਤੇ ਦਸਤਾਵੇਜ਼ ਸਬੰਧੀ ਪ੍ਰਕਿਰਿਆ ਨੂੰ ਸਰਲ ਬਣਾਏਗੀ।

-----------------------------------------------------------

ਮੋਹਾਲੀ ਪੁਲਿਸ ਨੇ ਡੇਰਾਬੱਸੀ ਵਿਖੇ ਮੁਕਾਬਲੇ ਮਗਰੋਂ ਇੱਕ ਗੈਂਗਸਟਰ

ਨੂੰ ਗ੍ਰਿਫ਼ਤਾਰ ਕੀਤਾ ਏ । ਪੁਲਿਸ ਕਪਤਾਨ ਸੋਰਵ ਜਿੰਦਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ ਗੈਂਗਸਟਰ ਸੁਮਿਤ ਬਿਸ਼ਨੋਈ ਪਿਛਲੇ ਮਈ ਵਿੱਚ ਹਨੂੰਮਾਨ ਗੜ੍ਹ ਵਿਖੇ ਹੋਏ ਕਤਲ ਵਿੱਚ ਸ਼ਾਮਲ ਸੀ । ਉਸ ਤੋਂ ਕਾਰਤੂਸਾਂ ਸਮੇਤ ਇੱਕ 32 ਬੋਰ ਪਿਸਤੌਲ ਵੀ ਬਰਾਮਦ ਕੀਤਾ ਗਿਆ ਏ । ਐਸ.ਪੀ ਨੇ ਦੱਸਿਆ ਕਿ ਡੇਰਾਬੱਸੀ ਦੇ ਗੁਲਾਬਗੜ੍ਹ ਪੀ.ਜੀ ਵਿਖੇ ਸੰਜੇ ਆਪ੍ਰੇਸ਼ਨ ਦੌਰਾਨ ਗੈਂਗਸਟਰ ਵਿਰੋਧੀ ਕਾਰਜ ਬਲ ਅਤੇ ਡੇਰਾਬੱਸੀ ਪੁਲਿਸ ਨੇ ਜਿੱਥੇ ਲੋੜੀਂਦਾ ਗੈਂਗਸਟਰ ਸੁਮਿਤ ਬਿਸ਼ਨੋਈ ਲੁਕਿਆ ਹੋਇਆ ਸੀ, ਨੂੰ ਚੁਣੌਤੀ ਦੇਣ 'ਤੇ, ਸੁਮਿਤ ਨੇ ਗੋਲੀਬਾਰੀ ਕੀਤੀ ਅਤੇ ਜਵਾਬੀ ਕਾਰਵਾਈ ਵਿੱਚ, ਉਸਦੀ ਲੱਤ ਵਿੱਚ ਗੋਲੀ ਲੱਗੀ ਅਤੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

---------------------------------------------------------

ਦੇਸ਼ ਭਰ ਵਿੱਚ ਚਲਾਈ ਜਾ ਰਹੀ ਮੁਹਿੰਮ ਏਕ ਪੇੜ ਮਾਂ ਕੇ ਨਾਮ ਤਹਿਤ ਸਮੂਹ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਹਰਮਨ ਪਿਆਰੀ ਹੋ ਰਹੀ ਏ । ਇਸ ਮੁਹਿੰਮ ਤਹਿਤ ਤਰਨਤਾਰਨ ਜਿਲੇ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕ ਸਾਹਿਬਾਨ ਵੱਲੋਂ ਬੂਟੇ ਲਗਾ ਕੇ

ਸਕੂਲਾਂ ਨੂੰ ਹਰਾ ਭਰਾ ਅਤੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਦਾ ਸੰਦੇਸ਼ ਦਿੱਤਾ ਜਾ ਰਿਹਾ ਏ । ਇਕੋ ਕਲੱਬ ਮਿਸ਼ਨ ਲਾਈਵ ਪੋਰਟਲ ਉੱਪਰ ਸਮੂਹ ਸਕੂਲਾਂ ਨੂੰ ਰਜਿਸਟਰਡ ਕੀਤਾ ਗਿਆ । ਇਸ ਉਪਰੰਤ ਹਰੇਕ ਵਿਦਿਆਰਥੀ ਨੂੰ ਇੱਕ - ਇੱਕ ਬੂਟਾ ਲਗਾਉਣ ਦਾ ਟੀਚਾ ਦਿੱਤਾ ਗਿਆ ਏ ।

---------------------------------------------------------

ਉੱਤਰਾਖੰਡ ਦੇ ਉੱਤਰਕਾਸ਼ੀ ਜ਼ਿਲ੍ਹੇ ਦੇ ਧਾਰਲੀ ਖੇਤਰ ਵਿੱਚ ਬੱਦਲ ਫਟਣ ਕਾਰਨ ਭਾਰੀ ਨੁਕਸਾਨ ਹੋਇਆ ਏ । ਆਫ਼ਤ ਪ੍ਰਬੰਧਨ ਟੀਮਾਂ ਮੌਕੇ 'ਤੇ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਨੇ । ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਏ । ਉਨ੍ਹਾਂ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ, ਭਾਰਤੀ ਫੌਜ, ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ ਅਤੇ ਰਾਜ ਆਫ਼ਤ ਪ੍ਰਤੀਕਿਰਿਆ ਬਲ ਦੀਆਂ ਟੀਮਾਂ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਲੋਕਾਂ ਨੂੰ ਪਹਿਲ ਦੇ ਆਧਾਰ 'ਤੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਏ ਅਤੇ

ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਏ। ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ ਏ ਅਤੇ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਉਤਰਕਾਸ਼ੀ ਦੇ ਧਾਰਲੀ ਵਿੱਚ ਬੱਦਲ ਫਟਣ ਤੋਂ ਬਾਅਦ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨਾਲ ਗੱਲ ਕੀਤੀ ਅਤੇ ਸਥਿਤੀ ਦਾ ਜਾਇਜ਼ਾ ਲਿਆ। ਸ਼੍ਰੀ ਮੋਦੀ ਨੇ ਕਿਹਾ ਕਿ ਬਚਾਅ ਟੀਮਾਂ ਰਾਜ ਸਰਕਾਰ ਦੀ ਨਿਗਰਾਨੀ ਹੇਠ ਹਰ ਸੰਭਵ ਤਰੀਕੇ ਨਾਲ ਕੰਮ ਕਰ ਰਹੀਆਂ ਹਨ। ਪ੍ਰਧਾਨ ਮੰਤਰੀ ਨੇ ਘਟਨਾ ਵਿੱਚ ਪ੍ਰਭਾਵਿਤ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਅਤੇ ਉਨ੍ਹਾਂ ਦੀ ਚੰਗੀ ਕਾਮਨਾ ਕੀਤੀ।

------------------------------------------------------------

- ਭਾਰਤ ਅਤੇ ਫਿਲੀਪੀਨਜ਼ ਨੇ ਰੱਖਿਆ, ਵਿਗਿਆਨ ਤੇ ਤਕਨਾਲੋਜੀ ਸਮੇਤ ਅੱਜ 9 ਸਮਝੌਤਿਆਂ 'ਤੇ ਦਸਤਖਤ ਕੀਤੇ ।

- ਪੰਜਾਬ ਸਰਕਾਰ ਨੇ 'ਡੇਟਾ ਐਨਾ-ਲਿਟਿਕਸ ਸ਼੍ਰੇਣੀ' ਵਿੱਚ ਵਕਾਰੀ 'ਤਕਨੋਲੋਜੀ ਸਭਾ ਐਕਸੀਲੈਂਸ ਐਵਾਰਡ'-2025 ਹਾਸਿਲ ਕੀਤਾ।

- ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭਾਰੇ ਵਾਹਨਾਂ ਦੇ ਡਰਾਈਵਿੰਗ ਲਾਇਸੈਂਸ ਦੇ ਫਰਜ਼ੀ ਰੈਕੇਟ ਦਾ ਪਰਦਾਫਾਸ਼-ਮੋਟਰ ਵਾਹਨ ਇੰਸਪੈਕਟਰ ਸਮੇਤ ਚਾਰ ਮੁਲਜ਼ਮ ਗ੍ਰਿਫ਼ਤਾਰ।

- ਜਲੰਧਰ ਦੂਰਦਰਸ਼ਨ, DD ਪੰਜਾਬੀ ਦੇ 25 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਿਹਾ ਏ- ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਸਹਿਗਲ, ਸਮਾਗਮ 'ਚ ਕਰਨਗੇ ਸ਼ਿਰਕਤ ।

- ਉੱਤਰਾਖੰਡ 'ਚ ਉੱਤਰਕਾਸ਼ੀ ਜ਼ਿਲ੍ਹੇ ਦੇ ਧਾਰਲੀ ਖੇਤਰ ਵਿੱਚ ਬੱਦਲ ਫਟਣ ਕਾਰਨ ਭਾਰੀ ਨੁਕਸਾਨ -ਪ੍ਰਧਾਨ ਮੰਤਰੀ ਨੇ ਘਟਨਾ ਵਿੱਚ ਪ੍ਰਭਾਵਿਤ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਿਆਂ ਚੰਗੀ ਸਿਹਤ ਦੀ ਕਾਮਨਾ ਕੀਤੀ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**